**ਪ੍ਰੈਸ ਨੋਟ**
**ਪੰਜਾਬੀ ਪ੍ਰਬੋਧ ਪ੍ਰੀਖਿਆ**

**ਮਿਤੀ, ਪਟਿਆਲਾ** **ਫਰਵਰੀ 2025**

ਡਾਇਰੈਕਟਰ ਭਾਸ਼ਾ ਵਿਭਾਗ, ਪੰਜਾਬ, ਪਟਿਆਲਾ ਵੱਲੋਂ ਪ੍ਰੈਸ ਨੂੰ ਦੱਸਿਆ ਗਿਆ ਹੈ ਕਿ ਪੰਜਾਬ ਸਰਕਾਰ ਵੱਲੋਂ ਭਰੀਆਂ ਜਾਣ ਵਾਲੀਆਂ ਗਰੁੱਪ ਸੀ ਅਤੇ ਇਸ ਤੋਂ ਉੱਪਰ ਦੀਆਂ ਅਸਾਮੀਆਂ ਲਈ ਨਿਰਧਾਰਤ ਯੋਗਤਾਵਾਂ ਵਿੱਚੋਂ ਇਕ ਯੋਗਤਾ ਇਹ ਵੀ ਹੈ ਕਿ ਉਮੀਦਵਾਰਾਂ ਲਈ ਮੈਟ੍ਰਿਕ ਪੱਧਰ ਦੀ ਪੰਜਾਬੀ ਦਾ ਵਿਸ਼ਾ ਪਾਸ ਕੀਤਾ ਹੋਣਾ ਲਾਜ਼ਮੀ ਹੈ। ਜਿਨ੍ਹਾਂ ਉਮੀਦਵਾਰਾਂ ਪਾਸ ਮੈਟ੍ਰਿਕ ਪੱਧਰ ਦੀ ਪੰਜਾਬੀ ਭਾਸ਼ਾ ਦੀ ਯੋਗਤਾ ਨਹੀਂ ਹੈ, ਇਸ ਵਿਭਾਗ ਵੱਲੋਂ ਅਜਿਹੇ ਉਮੀਦਵਾਰਾਂ ਦੀ ਪੰਜਾਬੀ ਪ੍ਰਬੋਧ ਪ੍ਰੀਖਿਆ ਮਿਤੀ 08.03.2026 (ਦਿਨ ਐਤਵਾਰ) ਨੂੰ ਕਰਵਾਈ ਜਾਵੇਗੀ। ਫਾਰਮ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ 02.03.2025 ਹੋਵੇਗੀ। ਪਹਿਲਾਂ ਦੀ ਤਰ੍ਹਾਂ ਇਹ ਪ੍ਰੀਖਿਆ ਵਿਭਾਗ ਦੇ ਮੁੱਖ ਦਫਤਰ, ਭਾਸ਼ਾ ਭਵਨ, ਸ਼ੇਰਾਂ ਵਾਲਾ ਗੇਟ, ਪਟਿਆਲਾ ਵਿਖੇ ਹੋਵੇਗੀ। ਇਸ ਪ੍ਰੀਖਿਆ ਦੀ ਫੀਸ 2000/- ਰੁਪਏ ਹੋਵੇਗੀ ਜੋ ਕਿ ਨਕਦ ਵਸੂਲ ਕੀਤੀ ਜਾਵੇਗੀ। ਫਾਰਮ ਜਮ੍ਹਾਂ ਕਰਵਾਉਣ ਵਾਲੇ ਉਮੀਦਵਾਰ ਆਪਣੇ ਨਾਲ ਦਸਵੀਂ, ਬਾਰ੍ਹਵੀਂ ਅਤੇ ਗ੍ਰੈਜੂਏਸ਼ਨ ਦੇ ਅਸਲ ਸਰਟੀਫਿਕੇਟ, ਅਤੇ ਇਨ੍ਹਾਂ ਦੀਆਂ ਤਸਦੀਕਸ਼ੁਦਾ ਕਾਪੀਆਂ, ਇਕ 30x25 ਸੈ.ਮੀ. ਸਾਈਜ਼ ਦਾ ਸਵੈ ਪਤੇ ਵਾਲਾ ਲਿਫਾਫਾ ਜਿਸ ਉਤੇ 56/- ਰੁਪਏ ਦੀਆਂ ਡਾਕ ਟਿਕਟਾਂ ਲੱਗੀਆਂ ਹੋਣ ਅਤੇ ਪੰਜ ਫੋਟੋਆਂ ਇੱਕੋ ਸਨੈਪ ਦੀਆਂ ਪਾਸਪੋਰਟ ਸਾਈਜ਼ (ਜਿਨ੍ਹਾਂ ਵਿੱਚੋਂ ਦੋ ਫੋਟੋਆਂ ਗਜ਼ਟਿਡ ਅਫਸਰ ਵੱਲੋਂ ਤਸਦੀਕੀਆਂ ਹੋਣ) ਜਿਨ੍ਹਾਂ ਦੀ ਬੈਕ ਗਰਾਊਂਡ ਅਤੇ ਕੱਪੜੇ ਹਲਕੇ ਰੰਗ ਦੇ ਹੋਣ, ਨਾਲ ਲਿਆਉਣ।

ਪੰਜਾਬੀ ਪ੍ਰਬੋਧ ਪ੍ਰੀਖਿਆ ਸਬੰਧੀ ਵਧੇਰੇ ਜਾਣਕਾਰੀ ਲਈ ਦਫਤਰ ਦੇ ਫੋਨ ਨੰ. 0175-2214469 ਤੇ ਸੰਪਰਕ ਕੀਤਾ ਜਾ ਸਕਦਾ ਹੈ।

**ਸਹਾਇਕ ਡਾਇਰੈਕਟਰ(ਖੇਤਰ)**
**ਭਾਸ਼ਾ ਵਿਭਾਗ, ਪੰਜਾਬ**

**ਡਿਪਟੀ ਡਾਇਰੈਕਟਰ (ਕੰ.ਵਿੰਗ)**
**ਖੋਜ ਅਫ਼ਸਰ (ਪਬਲੀਸਿਟੀ)**
**ਭਾਸ਼ਾ ਵਿਭਾਗ, ਪੰਜਾਬ**

ਯੂ.ਓ. ਪੱਤਰ ਨੰ.- ਪੰ. ਪ੍ਰਬੋਧ - 2026/1038 ਮਿਤੀ, ਪਟਿਆਲਾ/03-02-2026